# ਦਫ਼ਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ ਅਤੇ
# ਸਟੇਟ ਪ੍ਰੌਜੈਕਟ ਡਾਇਰੈਕਟਰ, ਸਰਵ ਸਿੱਖਿਆ ਅਭਿਆਨ ਅਥਾਰਟੀ
# ਪੰਜਾਬ ਐਸ.ਸੀ.ਓ. 104-106, ਸੈਕਟਰ 34 ਏ, ਚੰਡੀਗੜ੍ਹ

ਵੱਲ

**ਸਮੂਹ** ਜ਼ਿਲ੍ਹਾ ਸਿੱਖਿਆ ਅਫ਼ਸਰ(ਐ.ਸਿ)
**ਪੰਜਾਬ।**

ਮੀਮੋ ਨੰ. ਏ.ਐਸ.ਪੀ.ਡੀ(ਮੀਡੀਆ)/ਐਸ.ਐਸ.ਏ/2010/48528-48547
ਮਿਤੀ ਚੰਡੀਗੜ੍ਹ 27.07.2010

ਵਿਸ਼ਾ:- **ਰੀਡਿੰਗ ਸੈੱਲ ਦੀ ਕਿਤਾਬ 'ਬਾਲੂ ਦੇ ਵਾਲ' ਵਾਪਸ ਲੈਣ ਸਬੰਧੀ।**

1.0 ਉਪਰੋਕਤ ਵਿਸ਼ੇ ਤੇ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਨੈਸ਼ਨਲ ਕਾਊਂਸਲ ਆਫ ਐਜੂਕੇਸ਼ਨ ਰਿਸਰਚ ਐਂਡ ਟ੍ਰੇਨਿੰਗ ਵੱਲੋਂ ਤਿਆਰ ਕੀਤੀਆਂ ਗਈਆਂ ਚਾਲੀ ਕਿਤਾਬਾਂ ਨੂੰ ਪੰਜਾਬੀ ਵਿੱਚ ਅਨੁਵਾਦ ਕਰਕੇ ਪ੍ਰਾਇਮਰੀ ਸਕੂਲਾਂ ਵਿੱਚ ਰੀਡਿੰਗ ਸੈੱਲ ਲਈ ਭੇਜਿਆ ਗਿਆ ਸੀ। ਇਹਨਾਂ ਕਿਤਾਬਾਂ ਵਿੱਚ ਇੱਕ ਕਿਤਾਬ 'ਬਾਲੂ ਦੇ ਵਾਲ' ਵੀ ਹੈ ਪਰ ਇਸ ਕਿਤਾਬ ਪ੍ਰਤੀ ਵਿਭਾਗ ਵੱਲੋਂ ਇਹ ਫੈਸਲਾ ਕੀਤਾ ਗਿਆ ਹੈ ਕਿ ਇਹ ਕਿਤਾਬ ਪੰਜਾਬੀ ਵਿਰਸੇ ਅਨੁਸਾਰ ਠੀਕ ਨਹੀਂ ਹੈ।ਸੋ ਇਸ ਕਿਤਾਬ ਨੂੰ ਤੁਰੰਤ ਸਕੂਲਾਂ ਵਿੱਚੋਂ ਵਾਪਸ ਲੈ ਲਿਆ ਜਾਵੇ।

3.0 ਆਪ ਜੀ ਨੂੰ ਲਿਖਿਆ ਜਾਂਦਾ ਹੈ ਕਿ ਰਾਜ ਦੇ ਸਮੂਹ ਪ੍ਰਾਇਮਰੀ ਸਕੂਲਾਂ ਵਿੱਚੋਂ ਇਸ ਕਿਤਾਬ ਨੂੰ ਤੁਰੰਤ ਵਾਪਸ ਲੈ ਕੇ ਇਸ ਨੂੰ ਪੂਰਨ ਸੁਰੱਖਿਅਤ ਤੌਰ ਤੇ ਆਪਣੀ ਨਿਗਰਾਨੀ ਹੇਠ ਜ਼ਿਲ੍ਹਾ ਪੱਧਰ ਤੇ ਇਸ ਨੂੰ ਸੰਭਾਲਣ ਅਤੇ ਫਿਰ ਕਿਤਾਬ ਮੁੱਖ ਦਫ਼ਤਰ ਨੂੰ ਭੇਜੀ ਜਾਵੇ ਜੀ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ**

**ਪਿਠਅੰਕਣ ਨੰ. ਉਕਤ/48548** **ਮਿਤੀ 27.07.2010**

ਇਸ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਹਿਤ ਭੇਜਿਆ ਜਾਂਦਾ ਹੈ:-

1. ਸਮੂਹ ਜ਼ਿਲ੍ਹਾ ਕੋਆਰਡੀਨੇਟਰ ਪੜ੍ਹੋ ਪੰਜਾਬ।
2. ਮੁਖੀ ਰੀਡਿੰਗ ਸੈੱਲ, ਨੈਸ਼ਨਲ ਕਾਊਂਸਲ ਆਫ ਐਜੂਕੇਸ਼ਨ ਰਿਸਰਚ ਐਂਡ ਟ੍ਰੇਨਿੰਗ ਨੂੰ ਲਿਖਿਆ ਜਾਂਦਾ ਹੈ ਕਿ ਕਿਤਾਬਾਂ ਤਿਆਰ ਕਰਦੇ ਸਮੇਂ ਇਹਨਾਂ ਗੱਲਾਂ ਦਾ ਜ਼ਰੂਰ ਧਿਆਨ ਰੱਖਿਆ ਜਾਵੇ ਜੀ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ**